# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :20-12-2025**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਅਸਾਮ ਦੇ ਗੁਹਾਟੀ ਵਿੱਚ ਲੋਕਪ੍ਰਿਯ ਗੋਪੀਨਾਥ ਬੋਰਦੋਲੋਈ ਅੰਤਰਰਾਸ਼ਟਰੀ ਹਵਾਈ ਅੱਡੇ ਦੀ ਟਰਮੀਨਲ ਇਮਾਰਤ ਦਾ ਉਦਘਾਟਨ ਕੀਤਾ।

- ਪੰਜਾਬ ਮੰਤਰੀਮੰਡਲ ਦੀ ਮੀਟਿੰਗ ‘ਚ ਅਹਿਮ ਫੈਸਲੇ ਲਏ ਗਏ ਨੇ.

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਿਹਾ ਕਿ ਪੰਜਾਬ ਆਉਣ ਵਾਲੇ ਸਾਲਾਂ ਵਿੱਚ ਹਵਾਬਾਜ਼ੀ ਸਨਅਤ ਦਾ ਕੇਂਦਰ ਬਣੇਗਾ. ਓਹਨਾਂ ਪਟਿਆਲਾ ਫਲਾਇੰਗ ਕਲੱਬ ਵਿੱਚ ਸਿਖਲਾਈ ਅਧੀਨ ਪਾਇਲਟਾ ਤੇ ਏਅਰਕ੍ਰਾਫਟ ਇੰਜਨੀਅਰਾਂ ਨਾਲ ਗੱਲਬਾਤ ਕੀਤੀ.

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਵਿਦਿਆਰਥੀਆਂ ਨੂੰ ਰਾਸ਼ਟਰ ਨਿਰਮਾਣ ਵਿਚ ਹਿੱਸੇਦਾਰ ਬਣਨ ਦਾ ਸੱਦਾ ਦਿੱਤਾ ਏ।

- Sashastra Seema Bal (SSB) ਅੱਜ ਆਪਣਾ 62ਵਾਂ ਸਥਾਪਨਾ ਦਿਵਸ ਮਨਾ ਰਿਹਾ ਏ ।

***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਅਸਾਮ ਦੇ ਗੁਹਾਟੀ ਵਿੱਚ ਲੋਕਪ੍ਰਿਯ ਗੋਪੀਨਾਥ ਬੋਰਦੋਲੋਈ ਅੰਤਰਰਾਸ਼ਟਰੀ ਹਵਾਈ ਅੱਡੇ ਦੀ ਟਰਮੀਨਲ ਇਮਾਰਤ ਦਾ ਉਦਘਾਟਨ ਕੀਤਾ। ਉਨ੍ਹਾਂ ਨੇ ਹਵਾਈ ਅੱਡੇ ਦੇ ਬਾਹਰ ਅਸਾਮ ਦੇ ਪਹਿਲੇ ਮੁੱਖ ਮੰਤਰੀ ਗੋਪੀਨਾਥ ਬੋਰਦੋਲੋਈ ਦੇ 80 ਫ਼ੁੱਟ ਉਚੇ ਬੁੱਤ ਦਾ ਵੀ ਉਦਘਾਟਨ ਕੀਤਾ। ਗੁਹਾਟੀ ਵਿੱਚ ਇੱਕ ਜਨਤਕ ਰੈਲੀ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਜ ਅਸਾਮ ਦੇ ਵਿਕਾਸ ਵਿੱਚ ਇੱਕ ਨਵਾਂ ਅਧਿਆਇ ਜੁੜ ਰਿਹਾ ਏ ਅਤੇ ਅਸਾਮ ਸਮੇਤ ਪੂਰੇ ਉੱਤਰ-ਪੂਰਬੀ ਖੇਤਰ ਦੇ ਵਿਕਾਸ ਦਾ ਜਸ਼ਨ ਏ । ਪ੍ਰਧਾਨ ਮੰਤਰੀ ਅੱਜ ਅਸਾਮ ਦੇ ਦੋ ਦਿਨਾਂ ਦੌਰੇ 'ਤੇ ਗੁਹਾਟੀ ਪਹੁੰਚੇ। ਉਹ ਕਰੀਬ 15, ਹਜ਼ਾਰ 600 ਕਰੋੜ ਰੁਪਏ ਦੇ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ

ਅਤੇ ਨੀਂਹ ਪੱਥਰ ਰੱਖਣਗੇ। ਪਹਿਲਾਂ ਪ੍ਰਧਾਨ ਮੰਤਰੀ ਨੇ ਅੱਜ ਪੱਛਮੀ ਬੰਗਾਲ ਦੇ ਨਦੀਆ ਜ਼ਿਲ੍ਹੇ ਵਿੱਚ 3, ਹਜ਼ਾਰ 200 ਕਰੋੜ ਰੁਪਏ ਦੇ ਰਾਸ਼ਟਰੀ ਸ਼ਾਹਰਾਹ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ।

-----------------------------------------------------------------

ਅੱਜ ਮੁਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਪੰਜਾਬ ਮੰਤਰੀਮੰਡਲ ਦੀ ਇੱਕ ਅਹਿਮ ਮੀਟਿੰਗ ਹੋਈ. ਮੀਟਿੰਗ 'ਚ ਲਏ ਗਏ ਫੈਸਲਿਆਂ ਬਾਰੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਸਵਾਮਿਤਵ ਸਕੀਮ ਤਹਿਤ ਲਾਲ ਲਕੀਰ ਅੰਦਰ ਆਉਂਦੇ ਘਰਾਂ ਨੂੰ ਮਾਲਕੀ ਹੱਕ ਦੇਣ ਸੰਬੰਧੀ ਅਪੀਲ ਤੇ ਇਤਰਾਜ਼ ਦਾਇਰ ਕਰਨ ਦਾ ਸਮਾਂ ਪਹਿਲਾਂ ਦੇ 90 ਦਿਨਾਂ ਤੋਂ ਘਟਾ ਕੇ 30 ਦਿਨ ਕਰ ਦਿੱਤਾ ਗਿਆ ਏ. ਇਸ ਤੋਂ ਇਲਾਵਾ 20 ਕਰੋੜ ਰੁਪਏ ਤੋਂ ਵਧ ਦੀ ਕੀਮਤ ਦੀਆਂ ਸੰਪਤੀਆਂ ਨੂੰ CHUNK SITE ਐਲਾਨਿਆ ਜਾਏਗਾ.ਮੰਤਰੀ ਨੇ ਇਹ ਵੀ ਦੱਸਿਆ ਕਿ ਨਾਲ ਹੀ ਸੂਬੇ 'ਚ ਕਾਰੋਬਾਰ ਕਰਨ ਦੀ ਸੌਖ ਤਹਿਤ ਹੁਣ ਬੈਂਕ ਗਰੰਟੀ ਦੇ ਨਾਲ ਕਾਰੋਬਾਰ ਗਰੰਟੀ ਨੂੰ ਸ਼ਾਮਿਲ ਕੀਤਾ ਗਿਆ ਏ.

ਇਸ ਤੋਂ ਇਲਾਵਾ ਓਹਨਾਂ ਦੱਸਿਆ ਕਿ 30 ਦਿਸੰਬਰ ਨੂੰ ਪੰਜਾਬ ਵਿਧਾਨਸਭਾ ਦਾ ਇੱਕ ਵਿਸ਼ੇਸ਼ ਇਜਲਾਸ ਬੁਲਾਇਆ ਜਾਏਗਾ ਜਿਸ ਦੌਰਾਨ ਵਿਕਸਿਤ ਭਾਰਤ ਰੁਜ਼ਗਾਰ ਗਰੰਟੀ ਤੇ ਆਜੀਵਿਕਾ ਮਿਸ਼ਨ ਗ੍ਰਾਮੀਣ ਜੀ ਰਾਮ ਜੀ ਬਿਲ ਤਹਿਤ ਹੋਏ ਬਦਲਾਵਾਂ 'ਤੇ ਚਰਚਾ ਕੀਤੀ ਜਾਏਗੀ.

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਏ ਕਿ ਹਵਾਬਾਜ਼ੀ ਖੇਤਰ ਵਿੱਚ ਪੰਜਾਬ ਧੁਰੇ ਵਜੋਂ ਉਭਰੇਗਾ. ਓਹਨਾਂ ਕਿਹਾ ਕਿ ਸੂਬਾ ਸਰਕਾਰ ਵਲੋਂ ਹਵਾਬਾਜ਼ੀ ਸਨਅਤ ਦੀਆਂ ਜ਼ਰੂਰਤਾਂ ਮੁਤਾਬਿਕ ਨੌਜਵਾਨਾਂ ਨੂੰ ਕਿਫਾਇਤੀ ਅਤੇ ਵਿਸ਼ਵ ਪੱਧਰੀ ਸਿਖਲਾਈ ਦੇ ਕੇ ਵੱਡੇ ਉਪਰਾਲੇ ਕੀਤਾ ਜਾ ਰਹੇ ਨੇ. ਮੁੱਖ ਮੰਤਰੀ ਨੇ ਇਹ ਗੱਲ ਅੱਜ ਪਟਿਆਲਾ ਵਿਖੇ ਸਿਖਲਾਈ ਅਧੀਨ ਪਾਇਲਟਾਂ ਅਤੇ ਏਅਰਕ੍ਰਾਫਟ ਇੰਜੀਨੀਅਰਾਂ ਨਾਲ ਗੱਲਬਾਤ ਕਰਦਿਆਂ ਕਹੀ. ਓਹਨਾਂ ਕਿਹਾ ਕਿ ਪਟਿਆਲਾ ਫਲਾਇੰਗ ਕਲੱਬ ਵਿਖੇ 32 ਸਿਖਿਆਰਥੀ ਪਾਇਲਟਾਂ ਅਤੇ ਪਟਿਆਲਾ ਏਅਰਕ੍ਰਾਫਟ ਮੇਨਟੇਨੈਂਸ ਇੰਜੀਨੀਅਰਿੰਗ ਕਾਲਜ ਦੇ 72 ਵਿਦਿਆਰਥੀਆਂ ਨਾਲ ਵਿਚਾਰ-ਚਰਚਾ ਸੈਸ਼ਨ ਵਿੱਚ ਸ਼ਾਮਲ ਹੋ ਕੇ ਉਨ੍ਹਾਂ ਨੂੰ ਬੇਹਦ ਖੁਸ਼ੀ ਹੋਈ ਏ

byte

ਮੁਖ ਮੰਤਰੀ ਨੇ ਕਿਹਾ ਕਿ ਫਲਾਇੰਗ 253 ਏਕੜ ਵਿੱਚ ਫੈਲਿਆ ਹੋਇਆ ਏ, ਤੇ ਦੇਸ਼ ਭਰ ਵਿੱਚ ਸੱਤਵੇਂ ਸਥਾਨ 'ਤੇ ਏ. ਓਹਨਾਂ ਇਹ ਵੀ ਦੱਸਿਆ ਕਿ ਪਟਿਆਲਾ ਏਵੀਏਸ਼ਨ ਕੰਪਲੈਕਸ ਵਿਖੇ 7 ਕਰੋੜ ਰੁਪਏ ਦੀ ਲਾਗਤ ਨਾਲ 'ਏਵੀਏਸ਼ਨ ਮਿਊਜ਼ੀਅਮ' ਕਾਇਮ ਕੀਤਾ ਜਾ ਰਿਹਾ ਏ ਅਤੇ ਇਹ ਅਜਾਇਬ ਘਰ ਮਿਗ ਜਹਾਜ਼, ਸੈਕੰਡ ਜਨਰੇਸ਼ਨ ਹੈਲੀਕਾਪਟਰ, ਸਿਮੂਲੇਟਰਾਂ ਅਤੇ ਏਵੀਏਸ਼ਨ ਵਿਰਸੇ ਦਾ ਵਿਖਾਲਾ ਕਰੇਗਾ, ਜੋ ਵਿਦਿਆਰਥੀਆਂ ਅਤੇ ਜਨਤਾ ਨੂੰ ਅਹਿਮ ਜਾਣਕਾਰੀ ਪ੍ਰਦਾਨ ਕਰੇਗਾ। ਇਸ ਦਾ ਉਦੇਸ਼ ਸਕੂਲੀ ਵਿਦਿਆਰਥੀਆਂ ਅਤੇ ਨੌਜਵਾਨਾਂ ਨੂੰ ਹਵਾਬਾਜ਼ੀ ਖੇਤਰ ਲਈ ਪ੍ਰੇਰਿਤ ਕਰਨਾ ਏ. ਮੁੱਖ ਮੰਤਰੀ ਨੇ ਇਸ ਮੌਕੇ ਸਿਵਲ ਹਵਾਬਾਜ਼ੀ ਵਿਭਾਗ ਦੀ ਨਵੀਂ ਵੈੱਬਸਾਈਟ dca.punjab.gov.in ਵੀ ਲਾਂਚ ਕੀਤੀ। ਵਿਦਿਆਰਥੀਆਂ ਨੂੰ ਰੌਸ਼ਨ ਤੇ ਖੁਸ਼ਹਾਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦੇ ਹੋਏ ਮੁੱਖ ਮੰਤਰੀ ਨੇ ਉਮੀਦ ਪ੍ਰਗਟਾਈ ਕਿ ਉਹ ਆਉਣ ਵਾਲੇ ਦਿਨਾਂ ਵਿੱਚ ਆਪਣੇ ਜੀਵਨ ਵਿੱਚ ਨਵੀਂਆਂ ਬੁਲੰਦੀਆਂ ਛੂਹਣਗੇ।

--------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਵਿਦਿਆਰਥੀਆਂ ਨੂੰ

ਰਾਸ਼ਟਰ ਨਿਰਮਾਣ ਵਿਚ ਹਿੱਸੇਦਾਰ ਬਣਨ ਦਾ ਸੱਦਾ ਦਿੱਤਾ ਏ। ਰਾਜਪਾਲ ਕਟਾਰੀਆ ਨੇ ਇਹ ਗੱਲ, ਮੋਹਾਲੀ ਨੇੜੇ ਚੰਡੀਗੜ੍ਹ ਗਰੁੱਪ ਆਫ ਕਾਲਜਿਜ਼ ਦੇ 19ਵੇਂ ਡਿਗਰੀ ਵੰਡ ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕਹੀ । ਇਸ ਮੌਕੇ ਉਨ੍ਹਾਂ ਨੇ ਸੈਂਕੜੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ। ਆਪਣੇ ਸੰਬੋਧਨ ‘ਚ ਸ਼੍ਰੀ ਕਟਾਰੀਆ ਨੇ ਕਿਹਾ -

Byte

ਰਾਜਪਾਲ ਕਟਾਰੀਆ ਨੇ ਸਾਰਿਆਂ ਨੂੰ ਵਿਕਸਿਤ ਭਾਰਤ ਲਈ ਯੋਗਦਾਨ ਪਾਉਣ ਦੀ ਅਪੀਲ ਕੀਤੀ।

---

ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ, ਡਾ. ਬਲਜੀਤ ਕੌਰ ਦਾ ਕਹਿਣਾ ਏ ਕਿ, ਨੇਤਰਹੀਣ ਯੂਨੀਅਨਾਂ ਦੀ ਹਰ ਜਾਇਜ਼ ਮੰਗ ਪੂਰੀ ਕੀਤੀ ਜਾਵੇਗੀ। ਉਨ੍ਹਾਂ ਨੇ ਇਹ ਗੱਲ ਅੱਜ ਚੰਡੀਗੜ੍ਹ 'ਚ ਪੰਜਾਬ ਭਵਨ ਵਿਖੇ ਸੂਬੇ ਦੀਆਂ ਨੇਤਰਹੀਣ ਯੂਨੀਅਨਾਂ ਨਾਲ ਮੀਟਿੰਗ ਕਰਦਿਆਂ ਕਹੀਂ। ਇਹ ਮੀਟਿੰਗ, ਸਰਕਾਰ ਵੱਲੋਂ ਸਮਾਜ ਦੇ ਹਰ ਵਰਗ ਦੀ ਭਲਾਈ ਅਤੇ ਸਮਾਵੇਸ਼ੀ ਵਿਕਾਸ ਲਈ ਚੁਕੇ ਜਾ ਰਹੇ ਕਦਮਾਂ ਤਹਿਤ ਕੀਤੀ ਗਈ। ਮੀਟਿੰਗ ਦੌਰਾਨ, ਡਾ. ਬਲਜੀਤ ਕੌਰ ਨੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਗੰਭੀਰਤਾ ਨਾਲ ਸੁਣਿਆ। ਮੰਤਰੀ ਨੇ

ਭਰੋਸਾ ਦਿੰਦਿਆਂ ਕਿਹਾ ਕਿ, ਨੇਤਰਹੀਣ ਯੂਨੀਅਨਾਂ ਦੀ ਹਰ ਜਾਇਜ਼ ਮੰਗ ਨੂੰ ਤਰਜੀਹ ਦੇ ਅਧਾਰ 'ਤੇ ਪੂਰਾ ਕੀਤਾ ਜਾਵੇਗਾ। ਉਨ੍ਹਾਂ ਨੇ ਅਧਿਕਾਰੀਆਂ ਨੂੰ ਦਿਵਿਆਂਗ ਕੋਟੇ ਦੀਆਂ ਖਾਲੀ ਪਈਆਂ ਅਸਾਮੀਆਂ ਨੂੰ ਛੇਤੀ ਤੋਂ ਛੇਤੀ ਭਰਨ ਲਈ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ, ਦਿਵਿਆਂਗ ਵਿਅਕਤੀਆਂ ਨੂੰ ਆਤਮ-ਨਿਰਭਰ ਬਣਾਉਣ ਅਤੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਲਈ ਲਗਾਤਾਰ ਯਤਨ ਕਰ ਰਹੀ ਏ। ਮੀਟਿੰਗ ਸੁਖਾਵੇਂ ਅਤੇ ਸਕਾਰਾਤਮਕ ਮਾਹੌਲ ਨਾਲ ਖ਼ਤਮ ਹੋਈ।

---------------------------------------------------

ਪੰਜਾਬ ਦੇ ਮਾਲ ਮੰਤਰੀ, ਹਰਦੀਪ ਸਿੰਘ ਮੁੰਡੀਆਂ ਦਾ ਕਹਿਣਾ ਏ ਕਿ ਪੰਜਾਬ ਸਰਕਾਰ, ਸੂਬੇ ਭਰ ਵਿੱਚ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਪੱਖੀ ਮਾਲੀਆ ਪ੍ਰਣਾਲੀ ਸਥਾਪਤ ਕਰਨ ਲਈ ਵਚਨਬੱਧ ਏ। ਅੱਜ ਚੰਡੀਗੜ੍ਹ ਵਿੱਚ, ਉਨ੍ਹਾਂ ਕਿਹਾ ਕਿ ਇਸ ਸਪੱਸ਼ਟ ਉਦੇਸ਼ ਤਹਿਤ, ਸੂਬਾ ਸਰਕਾਰ ਵੱਲੋਂ ਜ਼ਰੂਰੀ ਸੇਵਾਵਾਂ ਤੱਕ ਪਹੁੰਚ ਯਕੀਨੀ ਬਣਾਉਣ ਲਈ, ਤਹਿਸੀਲ ਅਤੇ ਸਬ-ਤਹਿਸੀਲ ਇਮਾਰਤਾਂ ਦੀ ਉਸਾਰੀ ਅਤੇ ਉਦਘਾਟਨ ਸਬੰਧੀ ਸਾਲ 2025 ਦੌਰਾਨ, ਢਾਂਚਾਗਤ ਅਤੇ ਸਮਾਂਬੱਧ ਪ੍ਰੋਗਰਾਮ ਉਲੀਕਿਆ ਗਿਆ। ਮਾਲ ਮੰਤਰੀ ਨੇ ਕਿਹਾ ਕਿ ਜਨਤਕ ਸਹੂਲਤ ਨੂੰ ਮੁੱਖ ਰੱਖਦਿਆਂ, ਕਈ ਸਬ-ਡਿਵੀਜ਼ਨ ਅਤੇ ਤਹਿਸੀਲ

ਕੰਪਲੈਕਸਾਂ ਦਾ ਕੰਮ ਪੂਰਾ ਹੋ ਚੁੱਕਾ ਏ, ਜੋ ਹੁਣ ਕਾਰਜਸ਼ੀਲ ਨੇ। ਸ੍ਰੀ ਮੁੰਡੀਆਂ ਨੇ ਕਿਹਾ ਕਿ ਸਾਰੀਆਂ ਨਵੀਆਂ ਬਣੀਆਂ ਮਾਲ ਇਮਾਰਤਾਂ ਨੂੰ ਆਧੁਨਿਕ ਸੁਵਿਧਾਵਾਂ ਅਤੇ ਜਨਤਕ ਸਹੂਲਤਾਂ ਨਾਲ ਲੈਸ ਕੀਤਾ ਗਿਆ ਏ। ਉਨ੍ਹਾਂ ਅੱਗੇ ਕਿਹਾ ਕਿ ਜ਼ਮੀਨੀ ਰਿਕਾਰਡ, ਰਜਿਸਟ੍ਰੇਸ਼ਨ ਅਤੇ ਇੰਤਕਾਲ ਨਾਲ ਸਬੰਧਤ ਸੇਵਾਵਾਂ ਨੂੰ ਸੁਚਾਰੂ ਬਣਾਇਆ ਜਾ ਰਿਹਾ ਏ ਤਾਂ ਜੋ ਦੇਰੀ ਨੂੰ ਘਟਾਇਆ ਜਾ ਸਕੇ ਅਤੇ ਲੋਕ, ਸਰਕਾਰੀ ਦਫ਼ਤਰਾਂ ਵਿੱਚ ਹੋਣ ਵਾਲੀ ਪਰੇਸ਼ਾਨੀਆਂ ਤੋਂ ਬਚ ਸਕਣ।

---

ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਸੂਬੇ ਦੇ ਸਾਰੇ ਸਰਕਾਰੀ ਸਕੂਲਾਂ ਵਿਚ ਅੱਜ 'ਮੈਗਾ ਪੀ.ਟੀ.ਐਮ.' (ਮਾਪੇ-ਅਧਿਆਪਕ ਮਿਲਣੀ) ਕਰਾਈ ਗਈ. ਅੱਜ ਸਵੇਰੇ ਸਾਢੇ 9 ਵਜੇ ਤੋਂ ਸ਼ੁਰੂ ਹੋ ਕੇ ਇਹ ਮਿਲਣੀ ਦੁਪਹਿਰ ਢਾਈ ਵਜੇ ਤੱਕ ਜਾਰੀ ਰਹੀ. ਇਸ ਮਿਲਣੀ ਦਾ ਮੁੱਖ ਉਦੇਸ਼ ਸਕੂਲ ਅਤੇ ਮਾਪਿਆਂ ਵਿਚਕਾਰ ਸਾਂਝ ਪੈਦਾ ਕਰਨਾ ਅਤੇ ਬੱਚਿਆਂ ਦੇ ਵਿਦਿਅਕ ਮਿਆਰ ਨੂੰ ਉੱਚਾ ਚੁੱਕਣਾ ਸੀ ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ  ਮੈਗਾ ਮਾਪੇ-ਅਧਿਆਪਕ ਮਿਲਣੀ ਦਾ ਮਕਸਦ ਸਰਕਾਰੀ ਸਕੂਲਾਂ ਵਿਚ ਅਧਿਆਪਕਾਂ ਤੇ ਵਿਦਿਆਰਥੀਆਂ ਦੇ ਮਾਪਿਆਂ ਵਿਚ ਨੇੜਤਾ ਕਾਇਮ ਕਰਨਾ ਏ ਤੇ ਸਰਕਾਰੀ ਸਕੂਲਾਂ ਨੂੰ ਆਧੁਨਿਕ ਲੀਹਾਂ

ਉੱਤੇ ਤੋਰਨਾ ਏ। ਇਸ ਮਿਲਣੀ ਵਿਚ ਵਿਦਿਆਰਥੀਆਂ ਦੇ ਮਾਪਿਆਂ ਕੋਲੋਂ ਪੜ੍ਹਾਈ ਵਿਚ ਸੁਧਾਰ ਸਬੰਧੀ ਸੁਝਾਅ ਲਏ ਗਏ.

---------------------------------------------------------

Sashastra Seema Bal (SSB) ਅੱਜ ਆਪਣਾ 62ਵਾਂ ਸਥਾਪਨਾ ਦਿਵਸ ਮਨਾ ਰਿਹਾ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ Sashastra Seema Bal ਦੇ ਸਥਾਪਨਾ ਦਿਵਸ ਦੇ ਮੌਕੇ 'ਤੇ ਇਸਦੇ ਸਾਰੇ ਮੁਲਾਜ਼ਮਾਂ ਨੂੰ ਵਧਾਈਆਂ ਦਿੱਤੀਆਂ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ Sashastra Seema Bal ਅਟੁੱਟ ਸਮਰਪਣ, ਸੇਵਾ ਅਤੇ ਕੁਰਬਾਨੀ ਦੀਆਂ ਸਰ੍ਬੁੱਚ ਰਵਾਇਤਾਂ ਨੂੰ ਦਰਸਾਉਂਦਾ ਏ. ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਅੱਜ Sashastra Seema Bal ਦੇ ਮੁਲਾਜ਼ਮਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਬਲ ਦੇ ਸਥਾਪਨਾ ਦਿਵਸ 'ਤੇ ਸ਼ੁਭਕਾਮਨਾਵਾਂ ਦਿੱਤੀਆਂ ਨੇ. ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਸ਼ਾਹ ਨੇ ਕਿਹਾ ਕਿ, ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਤੋਂ ਲੈ ਕੇ ਸੰਕਟ ਦੇ ਸਮੇਂ ਨਾਗਰਿਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹੋਣ ਤੱਕ, Sashastra Seema Bal ਨੇ ਹਮੇਸ਼ਾ ਦੇਸ਼ ਨੂੰ ਮਾਣ ਦਿਵਾਇਆ ਏ .

---------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਅਸਾਮ ਦੇ ਗੁਹਾਟੀ ਵਿੱਚ ਲੋਕਪ੍ਰਿਯ ਗੋਪੀਨਾਥ ਬੋਰਦੋਲੋਈ ਅੰਤਰਰਾਸ਼ਟਰੀ ਹਵਾਈ ਅੱਡੇ ਦੀ ਟਰਮੀਨਲ ਇਮਾਰਤ ਦਾ ਉਦਘਾਟਨ ਕੀਤਾ।

- ਪੰਜਾਬ ਮੰਤਰੀਮੰਡਲ ਦੀ ਮੀਟਿੰਗ 'ਚ ਅਹਿਮ ਫੈਸਲੇ ਲਏ ਗਏ ਨੇ.

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਿਹਾ ਕਿ ਪੰਜਾਬ ਆਉਣ ਵਾਲੇ ਸਾਲਾਂ ਵਿੱਚ ਹਵਾਬਾਜ਼ੀ ਸਨਅਤ ਦਾ ਕੇਂਦਰ ਬਣੇਗਾ. ਓਹਨਾਂ ਪਟਿਆਲਾ ਫਲਾਇੰਗ ਕਲੱਬ ਵਿੱਚ ਸਿਖਲਾਈ ਅਧੀਨ ਪਾਇਲਟਾ ਤੇ ਏਅਰਕ੍ਰਾਫਟ ਇੰਜਨੀਅਰਾਂ ਨਾਲ ਗੱਲਬਾਤ ਕੀਤੀ.

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਵਿਦਿਆਰਥੀਆਂ ਨੂੰ ਰਾਸ਼ਟਰ ਨਿਰਮਾਣ ਵਿਚ ਹਿੱਸੇਦਾਰ ਬਣਨ ਦਾ ਸੱਦਾ ਦਿੱਤਾ ਏ।

- Sashastra Seema Bal (SSB) ਅੱਜ ਆਪਣਾ 62ਵਾਂ ਸਥਾਪਨਾ ਦਿਵਸ ਮਨਾ ਰਿਹਾ ਏ ।

---------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**